# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
# ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ
# ਪੰਜਾਬ ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ(ਪੈਡਾਗੋਜ਼ੀ)/ਐਸ.ਐਸ.ਏ/2009/000680-000699
ਮਿਤੀ ਚੰਡੀਗੜ੍ਹ 06.01.2010

**ਵਿਸ਼ਾ:- ਆਂਗਨਵਾੜੀ ਵਰਕਰ ਨੂੰ ਪੇਂਡੂ ਸਿੱਖਿਆ ਵਿਕਾਸ ਕਮੇਟੀ ਦੇ ਮੈਂਬਰ ਬਣਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ 'ਚ ਦਾਖਲਾ ਵਧਾਉਣ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਪਿਛਲੇ ਦਿਨੀ ਇਹ ਸੁਝਾਅ ਵੀ ਪ੍ਰਾਪਤ ਹੋਇਆ ਹੈ ਕਿ ਆਗਨਵਾੜੀ ਵਰਕਰ ਸਕੂਲਾਂ ਵਿੱਚ ਬੱਚਿਆਂ ਦੇ ਦਾਖਲੇ ਪ੍ਰਤੀ ਬਹੁਤ ਵਧੀਆ ਰੋਲ ਅਦਾ ਕਰ ਸਕਦੇ ਹਨ। ਕਿਉਂਕਿ ਇਹਨਾਂ ਕੋਲ ਜਿਹੜੇ ਬੱਚੇ ਆਂਗਨਵਾੜੀ ਸੈਂਟਰਾਂ ਵਿੱਚ ਆਉਂਦੇ ਹਨ ਉਹਨਾਂ ਨੂੰ ਆਂਗਨਵਾੜੀ ਸੈਂਟਰ ਤੋਂ ਬਾਅਦ ਤੁਰੰਤ ਸਕੂਲਾਂ ਅੰਦਰ ਦਾਖਲ ਕਰਵਾਇਆ ਜਾ ਸਕਦਾ ਹੈ ਜੋ ਕਿ ਸਕੂਲ ਅੰਦਰ ਦਾਖਲੇ ਦੇ ਵਾਧੇ ਪੱਖੋਂ ਵਧੀਆ ਕਦਮ ਸਾਬਤ ਹੋ ਸਕਦਾ ਹੈ।

3.0 ਪਰ ਇਹ ਵੀ ਜ਼ਰੂਰੀ ਬਣਦਾ ਹੈ ਕਿ ਆਗਨਵਾੜੀ ਵਰਕਰਾਂ ਨੂੰ ਸਰਵ ਸਿੱਖਿਆ ਅਭਿਆਨ ਦੀਆਂ ਵੱਖ-ਵੱਖ ਸਕੀਮਾਂ ਅਤੇ ਸਿੱਖਿਆ ਵਿਭਾਗ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਨੂੰ ਜਦ ਵੀ ਪੇਂਡੂ ਸਿੱਖਿਆ ਵਿਕਾਸ ਕਮੇਟੀ ਦੀ ਮੀਟਿੰਗ ਸਕੂਲ ਵਿੱਚ ਹੁੰਦੀ ਹੈ ਤਾਂ ਉਸ ਸਮੇਂ ਉਹਨਾਂ ਨੂੰ ਮੀਟਿੰਗ ਅੰਦਰ ਲਾਜ਼ਮੀ ਬੁਲਾਇਆ ਜਾਵੇ ।

4.0 ਇਹ ਵੀ ਜ਼ਰੂਰੀ ਹੈ ਕਿ ਉਹਨਾਂ ਨੂੰ ਪੇਂਡੂ ਸਿੱਖਿਆ ਵਿਕਾਸ ਕਮੇਟੀ ਦਾ ਮੈਂਬਰ ਬਣਾ ਲਿਆ ਜਾਵੇ। ਤਾਂ ਜੋ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦਾ ਦਾਖਲਾ ਵਧ ਸਕੇ ਅਤੇ ਸਰਕਾਰ ਦੀਆਂ ਸਕੀਮਾਂ ਦਾ ਸੁਨੇਹਾ ਵੀ ਘਰ-ਘਰ ਤੱਕ ਪੁੱਜਦਾ ਹੋ ਸਕੇ।

5.0 ਜਨਵਰੀ ਅਤੇ ਫਰਵਰੀ ਮਹੀਨੇ 'ਚ ਜਿਹੜੀ ਟ੍ਰੇਨਿੰਗ ਪੇਂਡੂ ਸਿੱਖਿਆ ਵਿਕਾਸ ਕਮੇਟੀ ਨੂੰ ਦਿੱਤੀ ਜਾਣੀ ਹੈ ਉਸ ਵਿੱਚ ਆਗਨਵਾੜੀ ਵਰਕਰ ਦਾ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ ।

6.0 ਹੁਕਮਾਂ ਦੀ ਇੰਨ-ਬਿਨ ਪਾਲਣਾ ਕੀਤੀ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**